Tape/CD: 1304

# ਪੰਨਾ ੫੯੨

ਸਲੋਕੁ ਮਃ ੩ ॥ ਜਿਨ ਕੰਉ ਸਤਿਗੁਰੁ ਭੇਟਿਆ ਸੇ ਹਰਿ ਕੀਰਤਿ ਸਦਾ ਕਮਾਹਿ ॥ ਅਚਿੰਤੁ ਹਰਿ ਨਾਮੁ ਤਿਨ ਕੈ ਮਨਿ ਵਸਿਆ ਸਚੈ ਸਬਦਿ ਕਮਾਹਿ ॥ ਕੁਲੁ ਉਧਾਰਹਿ ਆਪਣਾ ਮੋਖ ਪਦਵੀ ਆਪੇ ਪਾਹਿ ॥ ਪਾਰਬ੍ਰਹਮੁ ਤਿਨ ਕੰਉ ਸੰਤੁਸਟੁ ਭਇਆ ਜੋ ਗੁਰ ਚਰਨੀ ਜਨ ਪਾਹਿ ॥ ਜਨੁ ਨਾਨਕ ਹਰਿ ਕਾ ਦਾਸੁ ਹੈ ਕਰਿ ਕਿਰਪਾ ਹਰਿ ਲਾਜ ਰਖਾਹਿ ॥ ੧ ॥

Tape/CD: 1304

# ਪੰਨਾ ੮੭੮

ਰਾਮਕਲੀ ਮਹਲਾ ੧ ॥ ਹਮ ਡੋਲਤ ਬੇੜੀ ਪਾਪ ਭਰੀ ਹੈ ਪਵਣੁ ਲਗੈ
ਮਤੁ ਜਾਈ ॥ ਸਨਮੁਖ ਸਿਧ ਭੇਟਣ ਕਉ ਆਏ ਨਿਹਚਉ ਦੇਹਿ
ਵਡਿਆਈ ॥ ੧ ॥ ਗੁਰ ਤਾਰਿ ਤਾਰਣਹਾਰਿਆ ॥ ਦੇਹਿ ਭਗਤਿ
ਪੂਰਨ ਅਵਿਨਾਸੀ ਹਉ ਤੁਝ ਕਉ ਬਲਿਹਾਰਿਆ ॥ ੧ ॥ ਰਹਾਉ ॥
ਸਿਧ ਸਾਧਿਕ ਜੋਗੀ ਅਰੁ ਜੰਗਮ ਏਕੁ ਸਿਧੁ ਜਿਨੀ ਧਿਆਇਆ ॥
ਪਰਸਤ ਪੈਰ ਸਿਝਤ ਤੇ ਸੁਆਮੀ ਅਖਰੁ ਜਿਨ ਕਉ ਆਇਆ
॥ ੨ ॥ ਜਪ ਤਪ ਸੰਜਮ ਕਰਮ ਨ ਜਾਨਾ ਨਾਮੁ ਜਪੀ ਪ੍ਰਭ ਤੇਰਾ ॥
ਗੁਰੁ ਪਰਮੇਸਰੁ ਨਾਨਕ ਭੇਟਿਓ ਸਾਚੈ ਸਬਦਿ ਨਿਬੇਰਾ ॥ ੩ ॥ ੬ ॥